# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:40

**ਮਿਤੀ :13-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ:***

- ਸੰਸਦ ਦੇ ਦੋਹਾਂ ਸਦਨਾਂ ਦੀ ਕਾਰਵਾਈ, ਅਨਿਸ਼ਚਿਤ ਕਾਲ ਲਈ ਮੁਲਤਵੀ ਕਰ ਦਿੱਤੀ ਗਈ ਏ।

- ਸੰਸਦ ਨੇ ਅੱਜ ਖਾਣਾਂ ਅਤੇ ਖਣਿਜ - ਵਿਕਾਸ ਅਤੇ ਨੇਮਬੱਧ (ਸੋਧ) ਬਿੱਲ, 2026 ਪਾਸ ਕਰ ਦਿੱਤਾ ਏ।

- ਭਾਰਤੀ ਜਨਤਾ ਪਾਰਟੀ ਨੇ ਵਿਰੋਧੀ ਪਾਰਟੀਆਂ 'ਤੇ ਪੰਜਾਬ ਅਤੇ ਝਾਰਖੰਡ ਦੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦਾ ਇਲਜ਼ਾਮ ਲਗਾਇਆ ਏ।

- ਚੋਣ ਕਮਿਸ਼ਨ ਵੱਲੋਂ ਅੱਜ ਪੰਜਾਬ ਵਿੱਚ, 2027 ਦੀਆਂ ਵਿਧਾਨ ਸਭਾ ਚੋਣਾਂ ਲਈ, ਖਰੜਾ ਵੋਟਰ ਸੂਚੀ ਜਾਰੀ ਕੀਤੀ ਜਾਵੇਗੀ।

- ਬਲੋਚਿਸਤਾਨ ਦੇ ਸੁਰਾਬ ਜ਼ਿਲ੍ਹੇ ਵਿੱਚ, ਪਾਕਿਸਤਾਨੀ ਹਵਾਈ ਫੌਜ ਦੇ ਹਮਲਿਆਂ ਵਿੱਚ, ਔਰਤਾਂ ਅਤੇ ਬੱਚਿਆਂ ਸਮੇਤ 30 ਤੋਂ ਵੱਧ ਨਾਗਰਿਕ ਮਾਰੇ ਗਏ ਨੇ ਅਤੇ ਕਈ ਹੋਰ ਜ਼ਖਮੀ ਹੋ ਗਏ ਨੇ।

## *ਹੁਣ ਖਬਰਾਂ ਵਿਸਥਾਰ ਨਾਲ*

ਸੰਸਦ ਦੇ ਦੋਹਾਂ ਸਦਨਾਂ ਦੀ ਕਾਰਵਾਈ, ਅਨਿਸ਼ਚਿਤ ਕਾਲ ਲਈ ਮੁਲਤਵੀ ਕਰ ਦਿੱਤੀ ਗਈ ਏ।

ਪਿਛਲੇ ਮਹੀਨੇ ਦੀ 20 ਤਰੀਕ ਨੂੰ ਸ਼ੁਰੂ ਹੋਏ ਮਾਨਸੂਨ ਸਮਾਗਮ ਦੇ 25 ਦਿਨਾਂ ਵਿੱਚ ਲੋਕ ਸਭਾ ਦੀਆਂ 19 ਬੈਠਕਾਂ ਹੋਈਆਂ। ਸਦਨ ਨੇ ਕਈ ਵਿਧਾਨਕ ਅਤੇ ਰਾਸ਼ਟਰੀ ਮੁੱਦਿਆਂ 'ਤੇ ਚਰਚਾ ਕੀਤੀ। ਸਮਾਗਮ ਦੌਰਾਨ ਕਈ ਮਹੱਤਵਪੂਰਨ ਬਿੱਲ ਪਾਸ ਕੀਤੇ ਗਏ, ਜਿਨ੍ਹਾਂ ਵਿੱਚ ਜਨਤਕ ਪ੍ਰੀਖਿਆਵਾਂ 'ਚ ਅਨਉਚਿਤ ਸਾਧਨਾਂ ਦੀ ਰੋਕਥਾਮ ਬਾਰੇ ਸੋਧ ਬਿੱਲ, 2026, ਰਾਸ਼ਟਰੀ ਸਨਮਾਨ ਅਪਮਾਨ ਦੀ ਰੋਕਥਾਮ (ਸੋਧ) ਬਿੱਲ, 2026, ਟ੍ਰਿਬਿਊਨਲ ਸੁਧਾਰ ਬਿੱਲ, ਟੈਕਸੇਸ਼ਨ ਅਤੇ ਹੋਰ ਕਾਨੂੰਨ

(ਸੋਧ) ਬਿੱਲ, ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ (ਸੋਧ) ਬਿੱਲ ਅਤੇ ਕੇਰਲਾ ਦਾ ਨਾਮ ਬਦਲਣ ਸੰਬੰਧੀ ਬਿੱਲ, 2026 ਸ਼ਾਮਲ ਨੇ।

ਹਾਲਾਂਕਿ ਸਮਾਗਮ ਦੌਰਾਨ, NEET ਪੇਪਰ ਲੀਕ, ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵਿਰੁੱਧ ਕਥਿਤ ਪੁਲਿਸ ਕਾਰਵਾਈ ਅਤੇ ਅਯੁੱਧਿਆ ਰਾਮ ਮੰਦਰ ਵਿੱਚ ਚੜ੍ਹਾਵੇ ਵਿੱਚ ਕਥਿਤ ਬੇਨਿਯਮੀਆਂ ਕਾਰਨ ਕਾਰਵਾਈ ਵਿੱਚ ਵਾਰ-ਵਾਰ ਵਿਘਨ ਪਿਆ।

---------------------------------------------------------

ਸੰਸਦ ਨੇ ਅੱਜ ਰਾਜ ਸਭਾ ਦੀ ਮਨਜ਼ੂਰੀ ਤੋਂ ਬਾਅਦ, ਖਾਣਾਂ ਅਤੇ ਖਣਿਜ - ਵਿਕਾਸ ਅਤੇ ਨੇਮਬੱਧ (ਸੋਧ) ਬਿੱਲ, 2026 ਪਾਸ ਕਰ ਦਿੱਤਾ ਏ। ਅੱਜ ਸਵੇਰੇ ਸਦਨ ਦੀ ਕਾਰਵਾਈ ਸ਼ੁਰੂ ਹੋਣ 'ਤੇ, ਕੇਂਦਰੀ ਕੋਲਾ ਅਤੇ ਖਾਣ ਮੰਤਰੀ, ਜੀ. ਕਿਸ਼ਨ ਰੈੱਡੀ ਨੇ ਖਾਣਾਂ ਅਤੇ ਖਣਿਜ - ਵਿਕਾਸ ਅਤੇ ਨੇਮਬੱਧ ਐਕਟ, 1957 ਵਿੱਚ ਹੋਰ ਸੋਧ ਕਰਨ ਲਈ ਬਿੱਲ ਪੇਸ਼ ਕੀਤਾ। ਇਸ ਬਿੱਲ ਦਾ ਉਦੇਸ਼, ਭਾਰਤ ਦੇ ਖਣਨ ਖੇਤਰ ਨੂੰ ਵਧੇਰੇ ਕੁਸ਼ਲ, ਨਿਵੇਸ਼-ਅਨੁਕੂਲ ਅਤੇ ਦੇਸ਼ ਦੀ ਮਹੱਤਵਪੂਰਨ ਖਣਿਜਾਂ ਦੀ ਵੱਧ ਰਹੀ ਮੰਗ ਨੂੰ ਪੂਰਾ ਕਰਨ ਲਈ ਤਿਆਰ ਕਰਨਾ ਏ।

ਬਿੱਲ 'ਤੇ ਚਰਚਾ ਦਾ ਜਵਾਬ ਦਿੰਦਿਆਂ, ਸ਼੍ਰੀ ਜੀ. ਕਿਸ਼ਨ ਰੈਡੀ ਨੇ ਕਿਹਾ ਕਿ ਸਰਕਾਰ ਨੇ, ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਏ ਅਤੇ ਇਨ੍ਹਾਂ ਖਣਨ ਸਰੋਤਾਂ ਦੇ ਸਹੀ ਪ੍ਰਬੰਧਨ ਲਈ, ਨਿਲਾਮੀ ਕਰਾਈ ਏ।

**BYTE: G. KISHAN REDDY**

ਸ਼੍ਰੀ ਰੈਡੀ ਨੇ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਤੋਂ ਪਹਿਲਾਂ, ਭਾਰਤ ਦੇ ਖਣਿਜ ਸਰੋਤਾਂ ਦਾ ਪ੍ਰਬੰਧਨ ਬਹੁਤ ਖ਼ਰਾਬ ਸੀ, ਜਿਸ ਵਿੱਚ ਸਵਾਰਥੀ ਹਿੱਤਾਂ ਦਾ ਦਖਲ ਸੀ ਅਤੇ ਸਿਸਟਮ ਵਿੱਚ ਬੇਨਿਯਮੀਆਂ ਸਨ। ਉਨ੍ਹਾਂ ਕਿਹਾ ਕਿ ਸਰਕਾਰ ਮੰਨਦੀ ਏ ਕਿ, ਖਣਿਜ ਦੇਸ਼ ਦੀ ਸੰਪਤੀ ਨੇ।

ਆਪਣੀ ਸਮਾਪਤੀ ਟਿੱਪਣੀ ਵਿੱਚ, ਰਾਜ ਸਭਾ ਦੇ ਸਭਾਪਤੀ, ਸੀ.ਪੀ. ਰਾਧਾਕ੍ਰਿਸ਼ਨਨ ਨੇ ਸਦਨ ਵਿੱਚ ਵਾਰ-ਵਾਰ ਪੈਦਾ ਹੋਣ ਵਾਲੇ ਵਿਘਨ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਦਨ ਵਿੱਚ ਆਪਣੀ ਗੱਲ ਰੱਖਣ ਦਾ ਪੂਰਾ ਮੌਕਾ ਮੌਜੂਦ ਸੀ, ਪਰ ਮੈਂਬਰਾਂ ਨੇ ਲੋਕਾਂ ਦੀ ਆਵਾਜ਼ ਉਠਾਉਣ ਲਈ ਉਪਲਬਧ ਮੌਕਿਆਂ ਦਾ ਪੂਰਾ ਲਾਭ ਨਹੀਂ ਉਠਾਇਆ। ਹਾਲਾਂਕਿ, ਉਨ੍ਹਾਂ ਇਹ ਵੀ ਕਿਹਾ ਕਿ ਸਦਨ 12 ਬਿੱਲ ਪਾਸ ਕਰਕੇ, ਆਪਣੇ ਮੁੱਖ ਵਿਧਾਨਕ ਫਰਜ਼ਾਂ ਨੂੰ ਨਿਭਾਉਣ ਵਿੱਚ ਸਫਲ ਰਿਹਾ। ਸ਼੍ਰੀ ਰਾਧਾਕ੍ਰਿਸ਼ਨਨ ਨੇ ਦੱਸਿਆ ਕਿ ਸਦਨ ਦੀ ਕਾਰਵਾਈ ਸਿਰਫ਼ 37 ਘੰਟੇ ਅਤੇ 49 ਮਿੰਟ ਚੱਲੀ, ਜਿਸ ਦੇ ਨਤੀਜੇ ਵਜੋਂ, ਕਾਰਜ-ਉਦਪਾਦਕਤਾ 39.17 ਫੀਸਦੀ ਰਹੀ।

ਇਸ ਤੋਂ ਪਹਿਲਾਂ, ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਉੱਤਰਾਖੰਡ ਦੇ ਹਲਦਵਾਨੀ ਸਥਿਤ, ਰਾਮਲੀਲਾ ਮੈਦਾਨ ਵਿੱਚ ਆਪਣੀ ਜਨਤਕ ਰੈਲੀ ਤੋਂ ਬਾਅਦ, ਉੱਥੇ ਸ਼ੁਧੀਕਰਨ ਦਾ ਮੁੱਦਾ ਉਠਾਇਆ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਉਸ ਥਾਂ 'ਤੇ

ਲੋਕਾਂ ਦੇ ਇਕੱਠ ਨੂੰ ਸੰਬੋਧਨ ਕੀਤਾ ਸੀ ਅਤੇ ਆਪਣੇ ਭਾਸ਼ਣ ਵਿੱਚ ਕਿਸੇ ਭਾਈਚਾਰੇ ਜਾਂ ਧਰਮ ਦਾ ਕੋਈ ਜ਼ਿਕਰ ਨਹੀਂ ਕੀਤਾ ਸੀ।

ਸਦਨ ਦੇ ਨੇਤਾ ਅਤੇ ਕੇਂਦਰੀ ਮੰਤਰੀ, ਜੇ.ਪੀ. ਨੱਡਾ ਨੇ ਅੱਜ ਸਦਨ ਨੂੰ ਭਰੋਸਾ ਦਿਵਾਇਆ ਕਿ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ ਖੜਗੇ ਵੱਲੋਂ ਦੱਸੀ ਗਈ ਘਟਨਾ ਦੀ ਜਾਂਚ ਕੀਤੀ ਜਾਵੇਗੀ। ਸ੍ਰੀ ਨੱਡਾ ਨੇ ਸਪੱਸ਼ਟ ਕੀਤਾ ਕਿ ਬੀਜੇਪੀ ਅਜਿਹੀਆਂ ਗਤੀਵਿਧੀਆਂ ਦਾ ਸਮਰਥਨ ਨਹੀਂ ਕਰਦੀ ਅਤੇ ਉਨ੍ਹਾਂ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕੀਤੀ।

**BYTE: JP NADDA**

ਉਨ੍ਹਾਂ ਕਿਹਾ ਕਿ ਬੀਜੇਪੀ ਦੇ ਕੌਮੀ ਪ੍ਰਧਾਨ ਇਸ ਮਾਮਲੇ 'ਤੇ ਗੌਰ ਕਰਨਗੇ ਅਤੇ ਉਨ੍ਹਾਂ ਨੇ ਸਦਨ ਨੂੰ ਭਰੋਸਾ ਦਿਵਾਇਆ ਕਿ, ਮਾਮਲੇ ਦੀ ਜਾਂਚ ਕੀਤੀ ਜਾਵੇਗੀ ਅਤੇ ਕਾਰਵਾਈ ਕੀਤੀ ਜਾਵੇਗੀ।

-----------------------------------------------------------

ਭਾਰਤੀ ਜਨਤਾ ਪਾਰਟੀ ਨੇ ਵਿਰੋਧੀ ਪਾਰਟੀਆਂ 'ਤੇ ਪੰਜਾਬ ਅਤੇ ਝਾਰਖੰਡ ਦੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦਾ ਇਲਜ਼ਾਮ ਲਗਾਇਆ। ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਬੀਜੇਪੀ ਦੇ ਬੁਲਾਰੇ, ਡਾ. ਸੁਧਾਂਸ਼ੂ ਤ੍ਰਿਵੇਦੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ, ਝਾਰਖੰਡ ਅਤੇ ਪੰਜਾਬ ਦੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨਾਲ ਸਬੰਧਤ ਸਵਾਲਾਂ ਤੋਂ ਬਚਣ

ਲਈ, ਸੰਸਦ ਵਿੱਚ ਹੰਗਾਮਾ ਕਰ ਰਹੀਆਂ ਨੇ। ਬੁਲਾਰੇ ਨੇ ਇਹ ਵੀ ਇਲਜ਼ਾਮ ਲਗਾਇਆ ਕਿ, ਸੀਨੀਅਰ ਕਾਂਗਰਸ ਨੇਤਾ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ, ਰਾਹੁਲ ਗਾਂਧੀ ਝਾਰਖੰਡ ਦੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ 'ਤੇ ਚੁੱਪ ਨੇ।

---------------------------------------------------------------

ਚੋਣ ਕਮਿਸ਼ਨ ਵੱਲੋਂ ਅੱਜ ਪੰਜਾਬ ਵਿੱਚ, 2027 ਦੀਆਂ ਵਿਧਾਨ ਸਭਾ ਚੋਣਾਂ ਲਈ, ਖਰੜਾ ਵੋਟਰ ਸੂਚੀ ਪ੍ਰਕਾਸ਼ਿਤ ਅਤੇ ਜਾਰੀ ਕੀਤੀ ਜਾਵੇਗੀ।

ਅਧਿਕਾਰਤ ਅੰਕੜਿਆਂ ਅਨੁਸਾਰ, ਖਰੜਾ ਸੂਚੀ ਵਿੱਚ ਵੋਟਰਾਂ ਦੀ ਕੁੱਲ ਗਿਣਤੀ 'ਵਿਸ਼ੇਸ਼ ਗਹਿਨ ਸੋਧ' (SIR) ਤੋਂ ਪਹਿਲਾਂ, ਜੂਨ 2026 ਵਿੱਚ, ਮੌਜੂਦ 2 ਕਰੋੜ 14 ਲੱਖ ਤੋਂ ਘੱਟ ਕੇ, ਇੱਕ ਕਰੋੜ 93 ਲੱਖ ਰਹਿ ਜਾਵੇਗੀ।

ਖਰੜਾ ਸੂਚੀ ਵਿੱਚੋਂ ਉਨ੍ਹਾਂ 20 ਲੱਖ 66 ਹਜ਼ਾਰ ਵੋਟਰਾਂ ਨੂੰ ਬਾਹਰ ਰੱਖਿਆ ਜਾਵੇਗਾ, ਜੋ ਗੈਰ-ਹਾਜ਼ਰ, ਮ੍ਰਿਤਕ, ਦੋਹਰੀ Entry ਵਾਲੇ ਜਾਂ ਸਥਾਈ ਤੌਰ 'ਤੇ ਕਿਧਰੇ ਹੋਰ ਚਲੇ ਗਏ ਨੇ। ਹਾਲਾਂਕਿ, ਇਸ ਵਿੱਚ ਉਹ 12 ਲੱਖ 80 ਹਜ਼ਾਰ ਵੋਟਰ ਸ਼ਾਮਲ ਕੀਤੇ ਜਾਣਗੇ, ਜਿਨ੍ਹਾਂ ਦੇ ਵੇਰਵਿਆਂ ਦਾ ਮਿਲਾਨ, ਪਹਿਲੀ SIR ਤੋਂ ਬਾਅਦ, ਤਿਆਰ ਕੀਤੀ ਗਈ ਵੋਟਰ ਸੂਚੀ ਨਾਲ ਨਹੀਂ ਹੋ ਸਕਿਆ ਸੀ। ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਇਹ ਵੋਟਰ ਆਪਣੀ ਰਜਿਸਟ੍ਰੇਸ਼ਨ ਕਰਵਾਉਣ

ਲਈ, 13 ਅਗਸਤ 2026 ਤੋਂ 12 ਸਤੰਬਰ 2026 ਦਰਮਿਆਨ, ਫ਼ਾਰਮ ਨੰਬਰ 6 ਭਰ ਕੇ, ਇਸਨੂੰ ਆਨਲਾਈਨ ਜਾਂ ਵਿਅਕਤੀਗਤ ਤੌਰ 'ਤੇ ਜਮ੍ਹਾਂ ਕਰਵਾ ਕੇ, ਦਾਅਵਾ ਪੇਸ਼ ਕਰ ਸਕਦੇ ਨੇ। ਅੰਤਿਮ ਵੋਟਰ ਸੂਚੀ, 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

---------------------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਵਿੱਚ 454 ਫਾਰਮੇਸੀ ਅਫਸਰਾਂ ਦੀ ਭਰਤੀ ਪ੍ਰਕਿਰਿਆ 'ਤੇ 17 ਸਤੰਬਰ ਨੂੰ ਕੇਸ ਦੀ ਸੁਣਵਾਈ ਤੱਕ ਰੋਕ ਲਗਾ ਦਿੱਤੀ ਏ। ਜਸਟਿਸ ਸੰਦੀਪ ਮੌਦਗਿਲ ਨੇ ਕੇਸ਼ਵ ਕੰਬੋਜ ਅਤੇ ਹੋਰਨਾਂ ਵੱਲੋਂ ਦਾਇਰ ਪਟੀਸ਼ਨ 'ਤੇ ਸਟੇਅ ਆਰਡਰ ਜਾਰੀ ਕੀਤਾ। ਪਟੀਸ਼ਨ ਵਿੱਚ ਪੰਜਾਬ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਧੀਨ 454 ਫਾਰਮੇਸੀ ਅਫਸਰਾਂ ਦੀ ਭਰਤੀ ਲਈ, ਪਿਛਲੇ ਮਹੀਨੇ ਦੀ 19 ਤਰੀਕ ਨੂੰ ਹੋਈ ਲਿਖਤੀ ਪ੍ਰੀਖਿਆ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਸੀ। ਪਟੀਸ਼ਨ ਵਿੱਚ ਦਾਅਵਾ ਕੀਤਾ ਗਿਆ ਏ ਕਿ, ਇੱਕ ਸੰਗਠਿਤ ਧੋਖਾਧੜੀ ਰੈਕੇਟ ਨੇ ਇਸ ਪ੍ਰੀਖਿਆ ਵਿੱਚ ਬੇਨਿਯਮੀਆਂ ਕੀਤੀਆਂ ਨੇ।

---------------------------------------------------------------

ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ 'ਤਿਰੰਗਾ ਯਾਤਰਾਵਾਂ' ਪੂਰੇ ਉਤਸ਼ਾਹ ਨਾਲ ਕੱਢੀਆਂ ਜਾ ਰਹੀਆਂ ਨੇ।

ਅੱਜ ਸਵੇਰੇ, ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸੁਖਨਾ ਝੀਲ ਵਿਖੇ ਚੰਡੀਗੜ੍ਹ ਪ੍ਰਸ਼ਾਸਨ ਦੇ ਸੈਰ-ਸਪਾਟਾ ਵਿਭਾਗ ਵੱਲੋਂ ਆਯੋਜਿਤ 'ਹਰ ਘਰ ਤਿਰੰਗਾ' ਵਾਕਾਥਨ ਵਿੱਚ ਹਿੱਸਾ ਲਿਆ। ਇਸ ਵਿੱਚ ਸੈਂਕੜੇ ਬੱਚਿਆਂ ਅਤੇ ਨੌਜਵਾਨਾਂ ਨੇ ਹੱਥਾਂ ਵਿੱਚ ਰਾਸ਼ਟਰੀ ਝੰਡਾ ਫੜ ਕੇ ਹਿੱਸਾ ਲਿਆ।

ਮੀਡੀਆ ਨਾਲ ਗੱਲਬਾਤ ਕਰਦਿਆਂ, ਸ੍ਰੀ ਕਟਾਰੀਆ ਨੇ ਕਿਹਾ ਕਿ ਰਾਸ਼ਟਰੀ ਝੰਡੇ ਦਾ ਸਨਮਾਨ ਸਾਡਾ ਸਨਮਾਨ ਏ, ਤਿਰੰਗੇ ਦਾ ਮਾਣ ਸਾਡਾ ਮਾਣ ਏ ਅਤੇ ਦੇਸ਼ ਦਾ ਮਾਣ ਸਾਡੇ ਸਾਰਿਆਂ ਦਾ ਮਾਣ ਏ। ਉਨ੍ਹਾਂ ਕਿਹਾ ਕਿ ਦੇਸ਼ ਪ੍ਰਤੀ ਇਸੇ ਭਾਵਨਾ ਨਾਲ, ਸਾਨੂੰ ਸਾਰਿਆਂ ਨੂੰ ਰਾਸ਼ਟਰ ਦੇ ਵਿਕਾਸ ਲਈ ਸਖ਼ਤ ਮਿਹਨਤ ਕਰਨੀ ਚਾਹੀਦੀ ਏ।

**BYTE : GOVERNOR**

ਅੱਜ ਮੋਹਾਲੀ ਵਿਖੇ ਵੀ ਇੱਕ 'ਤਿਰੰਗਾ ਯਾਤਰਾ' ਕੱਢੀ ਗਈ, ਜਿਸ ਵਿੱਚ ਸਕੂਲੀ ਵਿਦਿਆਰਥੀਆਂ ਅਤੇ ਹੋਰ ਲੋਕਾਂ ਨੇ ਹਿੱਸਾ ਲਿਆ।

---------------------------------------------------------------

ਬਲੋਚਿਸਤਾਨ ਦੇ ਸੁਰਾਬ ਜ਼ਿਲ੍ਹੇ ਵਿੱਚ ਕੱਲ੍ਹ ਪਾਕਿਸਤਾਨੀ ਹਵਾਈ ਫੌਜ ਦੇ ਹਮਲਿਆਂ ਵਿੱਚ ਔਰਤਾਂ ਅਤੇ ਬੱਚਿਆਂ ਸਮੇਤ 30 ਤੋਂ ਵੱਧ ਨਾਗਰਿਕ ਮਾਰੇ ਗਏ ਨੇ ਅਤੇ ਕਈ ਜ਼ਖਮੀ ਹੋ ਗਏ ਨੇ। ਇੱਕ ਬਿਆਨ ਵਿੱਚ, Republic Of Balochistan ਸਮੂਹ ਨੇ ਦਾਅਵਾ ਕੀਤਾ ਕਿ,

ਪਾਕਿਸਤਾਨੀ ਫੌਜ ਅਤੇ ਹਵਾਈ ਫੌਜ ਵੱਲੋਂ ਕੀਤੀ ਗਈ ਬੰਬਾਰੀ ਅਤੇ ਗੋਲੀਬਾਰੀ ਦੇ ਨਤੀਜੇ ਵਜੋਂ ਕਈ ਨਾਗਰਿਕ ਮਾਰੇ ਗਏ ਨੇ ਅਤੇ ਜਾਇਦਾਦ ਨੂੰ ਨੁਕਸਾਨ ਪਹੁੰਚਿਆ ਏ। ਸਮੂਹ ਨੇ ਸੁਰੱਖਿਆ ਬਲਾਂ 'ਤੇ ਜ਼ਖਮੀ ਨਾਗਰਿਕਾਂ ਨੂੰ ਹਿਰਾਸਤ ਵਿੱਚ ਲੈਣ ਅਤੇ ਰਾਹਤ ਤੇ ਬਚਾਅ ਕਾਰਜਾਂ ਨੂੰ ਰੋਕਣ ਦਾ ਇਲਜ਼ਾਮ ਲਗਾਇਆ। ਸਮੂਹ ਨੇ ਫੌਜ 'ਤੇ ਹਸਪਤਾਲਾਂ ਨੂੰ ਘੇਰਨ ਅਤੇ ਡਾਕਟਰਾਂ 'ਤੇ ਦਬਾਅ ਪਾਉਣ ਦਾ ਵੀ ਇਲਜ਼ਾਮ ਲਗਾਇਆ ਏ। ਇਲਾਜ ਨਾ ਮਿਲਣ ਕਾਰਨ ਕੁਝ ਜ਼ਖਮੀਆਂ ਦੀ ਮੌਤ ਹੋ ਗਈ। ਇਲਾਕੇ ਵਿੱਚ ਇੰਟਰਨੈੱਟ ਸੇਵਾਵਾਂ ਬੰਦ ਕਰ ਦਿੱਤੀਆਂ ਗਈਆਂ ਨੇ। Republic Of Balochistan ਨੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਹਾਲਤ ਦਾ ਨੋਟਿਸ ਲੈਣ ਅਤੇ ਬਲੋਚ ਨਾਗਰਿਕਾਂ ਦੇ ਜੀਵਨ ਅਤੇ ਬੁਨਿਆਦੀ ਅਧਿਕਾਰਾਂ ਦੀ ਰੱਖਿਆ ਲਈ ਦਖਲ ਦੇਣ ਦੀ ਅਪੀਲ ਕੀਤੀ ਏ। ਮਨੁੱਖੀ ਅਧਿਕਾਰ ਸੰਗਠਨਾਂ ਨੇ ਇਨ੍ਹਾਂ ਹਮਲਿਆਂ ਦੀ ਸਖ਼ਤ ਆਲੋਚਨਾ ਕੀਤੀ ਏ।

---------------------------------------------------

ਕੈਨੇਡਾ ਓਪਨ ਟੈਨਿਸ ਟੂਰਨਾਮੈਂਟ ਵਿੱਚ, ਮਰਦਾਂ ਦੇ ਸਿੰਗਲਜ਼ ਦੇ ਫਾਈਨਲ ਵਿੱਚ, ਅਮਰੀਕਾ ਦੇ ਬ੍ਰੈਂਡਨ ਨਾਕਾਸ਼ਿਮਾ ਦਾ ਮੁਕਾਬਲਾ ਆਪਣੇ ਹੀ ਦੇਸ਼ ਦੇ ਬੇਨ ਸ਼ੈਲਟਨ ਨਾਲ ਹੋਵੇਗਾ।ਅੱਜ ਸੈਮੀਫਾਈਨਲ ਵਿੱਚ, ਬ੍ਰੈਂਡਨ ਨੇ ਸਪੇਨ ਦੇ ਰਾਫੇਲ ਜੋਡਰ ਨੂੰ ਅਤੇ ਸ਼ੈਲਟਨ ਨੇ ਲਰਨਰ ਟੀਏਨ ਨੂੰ ਹਰਾਇਆ।

ਇਸ ਦੌਰਾਨ ਮਹਿਲਾ ਸਿੰਗਲਜ਼ ਵਿੱਚ, ਕੋਕੋ ਗੌਫ ਅਤੇ Iga Świątek ਨੇ ਫਾਈਨਲ ਵਿੱਚ ਜਗ੍ਹਾ ਬਣਾ ਲਈ ਏ।

------------------------------------------------------------

- ਸੰਸਦ ਦੇ ਦੋਹਾਂ ਸਦਨਾਂ ਦੀ ਕਾਰਵਾਈ, ਅਨਿਸ਼ਚਿਤ ਕਾਲ ਲਈ ਮੁਲਤਵੀ ਕਰ ਦਿੱਤੀ ਗਈ ਏ।

- ਸੰਸਦ ਨੇ ਅੱਜ ਖਾਣਾਂ ਅਤੇ ਖਣਿਜ - ਵਿਕਾਸ ਅਤੇ ਨੇਮਬੱਧ (ਸੋਧ) ਬਿੱਲ, 2026 ਪਾਸ ਕਰ ਦਿੱਤਾ ਏ।

- ਭਾਰਤੀ ਜਨਤਾ ਪਾਰਟੀ ਨੇ ਵਿਰੋਧੀ ਪਾਰਟੀਆਂ 'ਤੇ ਪੰਜਾਬ ਅਤੇ ਝਾਰਖੰਡ ਦੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦਾ ਇਲਜ਼ਾਮ ਲਗਾਇਆ ਏ।

- ਚੋਣ ਕਮਿਸ਼ਨ ਵੱਲੋਂ ਅੱਜ ਪੰਜਾਬ ਵਿੱਚ, 2027 ਦੀਆਂ ਵਿਧਾਨ ਸਭਾ ਚੋਣਾਂ ਲਈ, ਖਰੜਾ ਵੋਟਰ ਸੂਚੀ ਜਾਰੀ ਕੀਤੀ ਜਾਵੇਗੀ।

- ਬਲੋਚਿਸਤਾਨ ਦੇ ਸੁਰਾਬ ਜ਼ਿਲ੍ਹੇ ਵਿੱਚ, ਪਾਕਿਸਤਾਨੀ ਹਵਾਈ ਫੌਜ ਦੇ ਹਮਲਿਆਂ ਵਿੱਚ, ਔਰਤਾਂ ਅਤੇ ਬੱਚਿਆਂ ਸਮੇਤ 30 ਤੋਂ ਵੱਧ ਨਾਗਰਿਕ ਮਾਰੇ ਗਏ ਨੇ ਅਤੇ ਕਈ ਹੋਰ ਜ਼ਖਮੀ ਹੋ ਗਏ ਨੇ।

-----------------------------------------------------------

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ, ਸ਼ਾਮੀ 6 ਵਜ ਕੇ 20 ਮਿੰਟ 'ਤੇ ਹੋਏਗਾ। ਨਮਸਕਾਰ!**